# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖ਼ਬਰਾਂ ਪੰਜਾਬੀ

**18:20 Pm**

**ਮਿਤੀ: 03-10-2023**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਕੇਂਦਰ ਦੀ BJP ਸਰਕਾਰ ਦੇਸ਼ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਵੱਲ ਵਿਸ਼ੇਸ਼ ਧਿਆਨ ਦੇ ਰਹੀ ਏ।
- ਕੇਂਦਰੀ ਸੂਚਨਾ ਤੇ ਪ੍ਰਸਾਰਣ ਮੰਤਰੀ, ਅਨੁਰਾਗ ਸਿੰਘ ਠਾਕੁਰ ਅਨੁਸਾਰ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀਆਂ ਲੋਕ-ਪੱਖੀ ਯੋਜਨਾਵਾਂ ਕਾਰਨ ਉਨ੍ਹਾਂ ਦੀ ਲੋਕ-ਪ੍ਰਿਅਤਾ ਦਿਨੋਂ-ਦਿਨ ਵੱਧ ਰਹੀ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਅੱਜ ਚਮਕੌਰ ਸਾਹਿਬ ਦੀ ਅਨਾਜ ਮੰਡੀ ਤੋਂ, ਸੂਬੇ ਵਿੱਚ ਝੋਨੇ ਦੇ ਖਰੀਦ ਕਾਰਜਾਂ ਦੀ ਰਸਮੀ ਤੌਰ ਤੇ ਸ਼ੁਰੂਆਤ ਕੀਤੀ।

- ਪਠਾਨਕੋਟ ਜ਼ਿਲਾ ਪੁਲਿਸ ਨੇ, ਧਾਰ ਪੁਲਿਸ ਥਾਣੇ ਨੂੰ ਸੂਬੇ ਦਾ ਪਹਿਲਾ ਨਸ਼ਾ ਮੁਕਤ ਪੁਲਿਸ ਸਟੇਸ਼ਨ ਐਲਾਨਿਆ ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਕੇਂਦਰ ਦੀ BJP ਸਰਕਾਰ ਦੇਸ਼ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਵੱਲ ਵਿਸ਼ੇਸ਼ ਧਿਆਨ ਦੇ ਰਹੀ ਏ । ਛੱਤੀਸਗੜ੍ਹ ਦੇ ਜਗਦਲ-ਪੁਰ ਵਿਚ ਅੱਜ ਇਕ ਸਮਾਗਮ ਦੌਰਾਨ ਉਨਾਂ ਕਿਹਾ ਕਿ ਪਿਛਲੇ 9 ਵਰ੍ਹਿਆਂ ਵਿਚ ਬੁਨਿਆਦੀ ਢਾਂਚੇ ਦੇ ਵਿਕਾਸ 'ਤੇ ਕੁਲ ਖਰਚ 10 ਲੱਖ ਕਰੋੜ ਰੁਪਏ ਹੋ ਗਿਆ ਏ । ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਵਿਕਸਤ ਭਾਰਤ ਦਾ ਸੁਪਨਾ ਤਾਂ ਹੀ ਪੂਰਾ ਹੋਵੇਗਾ ਜਦੋਂ ਹਰ ਸੂਬੇ, ਹਰ ਜ਼ਿਲ੍ਹੇ ਅਤੇ ਹਰ ਪਿੰਡ ਦਾ ਵਿਕਾਸ ਹੋਵੇਗਾ। ਉਨਾਂ ਕਿਹਾ ਕਿ ਭਾਰਤ ਨੂੰ ਸਟੀਲ ਨਿਰਮਾਣ ਵਿੱਚ ਆਤਮ-ਨਿਰਭਰ ਬਣਾਉਣ ਲਈ ਕਈ ਕਦਮ ਚੁੱਕੇ ਗਏ ਨੇ ।

---------------------------------------------------------

ਕੇਂਦਰੀ ਸੂਚਨਾ ਤੇ ਪ੍ਰਸਾਰਣ ਮੰਤਰੀ ਅਨੁਰਾਗ ਸਿੰਘ ਠਾਕੁਰ ਨੇ ਕਿਹਾ ਏ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀਆਂ ਲੋਕ ਪੱਖੀ ਯੋਜਨਾਵਾਂ

ਕਾਰਨ, ਉਨ੍ਹਾਂ ਦੀ ਲੋਕ-ਪ੍ਰਿਅਤਾ ਦਿਨੋਂ-ਦਿਨ ਵੱਧ ਰਹੀ ਏ। ਭੁਵਨੇਸ਼ਵਰ ਸਥਿਤ BJP ਦਫ਼ਤਰ ਵਿੱਚ ਅੱਜ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਕਰਵਾਏ ਗਏ ਇੱਕ ਸਰਵੇਖਣ ਵਿੱਚ, ਪ੍ਰਧਾਨ ਮੰਤਰੀ ਮੋਦੀ ਦੀ ਲੋਕ-ਪ੍ਰਿਅਤਾ ਵਿੱਚ 78 ਫੀਸਦੀ ਦਾ ਵਾਧਾ ਹੋਇਆ ਏ।

---

ਵਿਸ਼ਵ ਬੈਂਕ ਨੇ ਮਾਲੀ ਵਰੇ 2023- 24 ਲਈ ਭਾਰਤ ਦੀ ਵਿਕਾਸ ਦਰ ਦੇ ਅਨੁਮਾਨ ਨੂੰ 6.3 ਫੀਸਦੀ 'ਤੇ ਬਰਕਰਾਰ ਰੱਖਣ ਦਾ ਫੈਸਲਾ ਕੀਤਾ ਏ। ਇਹ ਫੈਸਲਾ ਕਈ ਬਾਹਰੀ ਚੁਣੌਤੀਆਂ ਦੇ ਬਾਵਜੂਦ ਭਾਰਤ ਵਿੱਚ ਲਗਾਤਾਰ ਮਜ਼ਬੂਤ ਆਰਥਿਕ ਵਿਕਾਸ ਦੇ ਮੱਦੇਨਜ਼ਰ ਲਿਆ ਗਿਆ ਏ। ਆਪਣੀ ਅਪ੍ਰੈਲ ਦੀ ਰਿਪੋਰਟ ਵਿੱਚ ਵਿਸ਼ਵ ਬੈਂਕ ਨੇ 2023- 24 ਵਿੱਚ ਭਾਰਤ ਦੀ ਵਿਕਾਸ ਦਰ ਦੇ ਅਨੁਮਾਨ ਨੂੰ ਪਹਿਲਾਂ ਦੇ 6.6 ਫੀਸਦੀ ਤੋਂ ਘਟਾ ਕੇ 6.3 ਫੀਸਦੀ ਕਰ ਦਿੱਤਾ ਸੀ। ਭਾਰਤ ਦੇ ਵਿਕਾਸ 'ਤੇ ਵਿਸ਼ਵ ਬੈਂਕ ਦੀ ਤਾਜ਼ਾ ਰਿਪੋਰਟ ਦੇ ਅਨੁਸਾਰ, ਭਾਰਤੀ ਅਰਥਵਿਵਸਥਾ ਬਾਰੇ ਕੌਮਾਂਤਰੀ ਮਾਲੀ ਅਦਾਰਿਆਂ ਦੀ ਅਰਧ-ਸਾਲਾਨਾ ਮੁੱਖ ਰਿਪੋਰਟ ਵਿੱਚ

ਕਿਹਾ ਗਿਆ ਏ ਕਿ ਵੱਡੀਆਂ ਗਲੋਬਲ ਚੁਣੌਤੀਆਂ ਦੇ ਬਾਵਜੂਦ ਭਾਰਤ ਸਾਲ 2022-23 ਵਿੱਚ 7.2 ਫੀਸਦੀ  ਦੀ ਵਿਕਾਸ ਦਰ ਨਾਲ ਸਭ ਤੋਂ ਤੇਜ਼ੀ ਨਾਲ ਵਿਕਾਸ ਕਰਨ ਵਾਲੀ ਮੁੱਖ ਅਰਥ-ਵਿਵਸਥਾ ਹੋਵੇਗਾ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਚਮਕੌਰ ਸਾਹਿਬ ਦੀ ਅਨਾਜ ਮੰਡੀ ਤੋਂ ਸੂਬੇ ਵਿੱਚ ਝੋਨੇ ਦੇ ਖਰੀਦ ਕਾਰਜਾਂ ਦੀ ਸ਼ੁਰੂਆਤ ਰਸਮੀ ਤੌਰ ਤੇ ਕੀਤੀ। ਉਨਾਂ ਖੁਰਾਕ ਤੇ ਸਿਵਲ ਸਪਲਾਈਜ਼ ਵਿਭਾਗ ਨੂੰ ਇਕ ਅਕਤੂਬਰ ਤੋਂ ਸ਼ੁਰੂ ਹੋਏ ਸਾਉਣੀ ਮੰਡੀਕਰਨ ਸੀਜ਼ਨ ਦੌਰਾਨ ਨਿਰਵਘਿਨ ਖਰੀਦ ਯਕੀਨੀ ਬਣਾਉਣ ਦੇ ਆਦੇਸ਼ ਦਿੱਤੇ । ਕਿਸਾਨਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨਾਂ ਦੀ ਫਸਲ ਦਾ ਇਕ-ਇਕ ਦਾਣਾ ਖਰੀਦਣ ਲਈ ਸਰਕਾਰ ਵਚਨਬੱਧ ਏ ਅਤੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਏ ਕਿ ਝੋਨੇ ਦੀ ਖਰੀਦ ਦੇ ਪਹਿਲੇ ਦਿਨ ਹੀ ਫਸਲ ਦੀ ਲਿਫਟਿੰਗ ਸ਼ੁਰੂ ਹੋ ਚੁੱਕੀ ਏ ਜਿਹੜਾ ਆਪਣੇ ਆਪ ਵਿੱਚ ਇਕ ਰਿਕਾਰਡ ਏ। ਉਨਾਂ ਕਿਹਾ ਕਿ ਖਰੀਦ, ਚੁਕਾਈ  ਅਤੇ ਅਦਾਇਗੀ ਉਸੇ ਦਿਨ ਕੀਤੀ ਜਾਵੇਗੀ ਅਤੇ ਇਸ ਸਮੁੱਚੀ ਪ੍ਰਕਿਰਿਆ ਨੂੰ

ਡਿਜੀਟਲ ਵਿਧੀ ਨਾਲ ਕਾਰਜਸ਼ੀਲ ਕੀਤਾ ਜਾਵੇਗਾ । ਉਨਾਂ ਇੱਕ ਬਟਨ ਦਬਾ ਕੇ ਡਿਜੀਟਲ ਢੰਗ ਨਾਲ ਭੁਗਤਾਨ ਕਰਨ ਦੀ ਪਹਿਲ ਦੀ ਸ਼ੁਰੂਆਤ ਕਰਦੇ ਹੋਏ ਇੱਕ ਕਿਸਾਨ ਨੂੰ ਝੋਨੇ ਦੀ ਅਦਾਇਗੀ ਟ੍ਰਾਂਸਫਰ ਕੀਤੀ । ਮੁੱਖ ਮੰਤਰੀ ਨੇ ਕਿਹਾ ਕਿ ਹੜ੍ਹਾਂ ਦੇ ਮੁਆਵਜ਼ੇ ਦੀ ਵੰਡ ਪਹਿਲਾਂ ਹੀ ਸ਼ੁਰੂ ਕਰ ਦਿੱਤੀ ਗਈ ਏ ਅਤੇ ਇਕ-ਇਕ ਪੈਸੇ ਦਾ ਨੁਕਸਾਨ ਸੂਬਾ ਸਰਕਾਰ ਵੱਲੋਂ ਅਦਾ ਕੀਤਾ ਜਾਵੇਗਾ । ਉਨ੍ਹਾਂ ਦੱਸਿਆ ਕਿ ਹੜ੍ਹਾਂ ਕਾਰਨ ਹੋਏ ਨੁਕਸਾਨ ਦੀ ਭਰਪਾਈ ਲਈ ਸੂਬਾ ਸਰਕਾਰ ਕੋਲ ਸੂਬਾਈ ਆਫ਼ਤ ਰਾਹਤ ਫੰਡ ਵਿੱਚ ਕਾਫੀ ਪੈਸਾ ਏ ।

---------------------------------------------------------

ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਅੱਜ ਦੂਜੇ ਦਿਨ ਵੀ ਅੰਮ੍ਰਿਤਸਰ ਵਿਚ ਸ਼੍ਰੀ ਦਰਬਾਰ ਸਾਹਿਬ ਪੁਜੇ। ਉਨਾਂ ਲੰਗਰ ਘਰ ਵਿਚ ਸਬਜ਼ੀ ਕੱਟਣ ਦੀ ਅਤੇ ਨਾਲ-ਨਾਲ ਜੂਠੇ ਭਾਂਡੇ ਮਾਂਜਣ ਦੀ ਸੇਵਾ ਵੀ ਕੀਤੀ। ਇਸ ਤੋਂ ਪਹਿਲਾਂ ਰਾਹੁਲ ਗਾਂਧੀ ਨੇ ਬੀਤੀ ਰਾਤ ਵੀ ਗੁਰੂਘਰ ਵਿਚ ਸੇਵਾ ਕੀਤੀ ਸੀ। ਉਨਾਂ ਪਾਲਕੀ ਸਾਹਿਬ ਦੇ ਦਰਸ਼ਨ ਕੀਤੇ ਅਤੇ ਮਗਰੋਂ ਰੇਲਿੰਗ ਦੀ ਸਾਫ ਸਫਾਈ ਕੀਤੀ।

-------------------------------------------------------

ਪੰਜਾਬ ਵਿਚ ਸਾਫ ਸਫਾਈ, ਤਰਲ ਤੇ ਠੋਸ ਰਹਿੰਦ-ਖੂੰਹਦ ਦਾ ਸੁਚੱਜਾ ਪ੍ਰਬੰਧਨ ਅਤੇ ਬੁਨਿਆਦੀ ਸਵੱਛ ਸਹੂਲਤਾਂ ਪੱਖੋਂ ਉੱਤਮ ਕੰਮ ਕਰਨ ਵਾਲਿਆਂ ਪਿੰਡਾਂ ਦੀਆਂ ਪੰਚਾਇਤਾਂ, ਸਕੂਲਾਂ ਅਤੇ ਸਫਾਈ ਸੇਵਕਾਂ ਨੂੰ 'ਸਵੱਛ ਭਾਰਤ ਦਿਵਸ' ਮੌਕੇ ਕਲ ਚੰਡੀਗੜ੍ਹ ਵਿੱਚ ਹੋਏ ਰਾਜ ਪੱਧਰੀ ਸਮਾਗਮ ਵਿਚ ਜਲ ਸਪਲਾਈ ਤੇ ਸੈਨੀਟੇਸ਼ਨ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਸਨਮਾਨਿਤ ਕੀਤਾ। ਆਪਣੇ ਸੰਬੋਧਨ ਵਿਚ ਉਨਾਂ ਕਿਹਾ ਕਿ ਸਰਕਾਰ ਸੂਬੇ ਦੇ ਸਾਰੇ ਪਿੰਡਾਂ ਨੂੰ ਸਾਫਸੁਥਰਾ ਬਣਾਉਣ ਲਈ ਸਾਰਥਕ ਯਤਨ ਕਰ ਰਹੀ ਏ। ਉਨਾਂ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਨੂੰ ਪੇਂਡੂ ਖੇਤਰਾਂ ਵਿੱਚ ਗੈਰ-ਸਰਕਾਰੀ ਸੰਗਠਨਾਂ, ਯੂਥ ਕਲੱਬਾਂ ਅਤੇ ਸਵੈ-ਸੇਵੀ ਸੰਸਥਾਵਾਂ ਨੂੰ ਲਾਮਬੰਦ ਕਰਨ ਦੀ ਅਪੀਲ ਕੀਤੀ ਤਾਂ ਜੋ ਸਵੱਛਤਾ ਲਈ ਲੋਕਾਂ ਨੂੰ ਪ੍ਰੇਰਿਤ ਕਰਕੇ ਉਹਨਾਂ ਦੇ ਵਿਵਹਾਰ ਵਿੱਚ ਬਦਲਾਅ ਲਿਆਂਦਾ ਜਾ ਸਕੇ।

**ਵੇਰਵੇ ਨਾਲ ਇਹ ਰਿਪੋਰਟ** *----- ਪੰਜਾਬ ਸਰਕਾਰ ਨੇ 15 ਸਤੰਬਰ ਤੋਂ 2 ਅਕਤੂਬਰ ਤੱਕ 'ਕੂੜਾ ਮੁਕਤ ਭਾਰਤ' ਵਿਸ਼ੇ ਨਾਲ ਸਬੰਧਤ ਰਾਜ-*

*ਪੱਧਰੀ 'ਸਵੱਛਤਾ ਹੀ ਸੇਵਾ' ਮੁਹਿੰਮ ਚਲਾਈ । ਇਹ ਮੁਹਿੰਮ ਸਵੱਛ ਭਾਰਤ ਮਿਸ਼ਨ ਗ੍ਰਾਮੀਣ ਅਤੇ ਸਵੱਛ ਭਾਰਤ ਮਿਸ਼ਨ ਸ਼ਹਿਰੀ ਤਹਿਤ ਜਲ ਸ਼ਕਤੀ ਮੰਤਰਾਲੇ ਤੇ ਮਕਾਨ ਉਸਾਰੀ ਤੇ ਸ਼ਹਿਰੀ ਮਾਮਲੇ ਮੰਤਰਾਲੇ ਦੀ ਇੱਕ ਸਾਂਝੀ ਪਹਿਲ ਸੀ । ਇਸ ਮੁਹਿੰਮ ਵਿਚ ਉਘੇ ਯੋਗਦਾਨ ਲਈ ਸੂਬੇ ਦੇ 24 ਪਿੰਡਾਂ ਨੂੰ 'ਉੱਤਮ ਪਿੰਡ', 23 ਸਕੂਲਾਂ ਨੂੰ 'ਉੱਤਮ ਸਕੂਲ' ਅਤੇ 23 ਸਫਾਈ ਸੇਵਕਾਂ ਨੂੰ 'ਉੱਤਮ ਸਫਾਈ ਸੇਵਕ' ਦਾ ਰਾਜ ਪੱਧਰੀ ਐਵਾਰਡ ਦਿੱਤਾ ਗਿਆ । ਇਨਾਂ ਨੇ ਸਾਫ ਸਫਾਈ, ਤਰਲ ਤੇ ਠੋਸ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਅਤੇ ਬੁਨਿਆਦੀ ਸਵੱਛ ਸਹੂਲਤਾਂ ਪੱਖੋਂ ਉੱਤਮ ਕੰਮ ਕਰਨ ਦੇ ਨਾਲ ਹੀ ਸਾਫ-ਸਫਾਈ ਰੱਖਣ, ਆਲੇ-ਦੁਆਲੇ ਨੂੰ ਖੂਬਸੂਰਤ ਬਣਾਉਣ ਅਤੇ ਸਵੱਛਤਾ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣ ਵਿਚ ਆਪਣਾ ਬਣਦਾ ਯੋਗਦਾਨ ਦਿੱਤਾ ਜਿਸ ਨੂੰ ਮਾਨਤਾ ਦੇਂਦੀਆਂ ਸਰਕਾਰ ਨੇ ਇਨਾਂ ਦਾ ਸਨਮਾਨ ਕੀਤਾ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ ।*

---

ਸ਼੍ਰੀ ਮੁਕਤਸਰ ਸਾਹਿਬ ਜ਼ਿਲੇ ਦੇ ਡਿਪਟੀ ਕਮਿਸ਼ਨਰ ਡਾ. ਰੂਹੀ ਦੁੱਗ ਨੇ ਪਰਾਲੀ ਸਾੜਨ ਖਿਲਾਫ ਚਲਾਈ ਜਾ ਰਹੀ ਜਾਗਰੂਕਤਾ ਮੁਹਿੰਮ ਦੇ ਮੱਦੇਨਜ਼ਰ ਅੱਜ ਇਕ ਮੋਬਾਇਲ ਵੈਨ ਨੂੰ ਝੰਡੀ ਦੇ ਕੇ ਰਵਾਨਾ ਕੀਤਾ । ਇਸ ਮੌਕੇ ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਦੀਆਂ 4 ਮੋਬਾਇਲ ਵੈਨਾਂ ਹਰ ਇੱਕ ਬਲਾਕ ਵਿੱਚ ਚਲਾਈਆਂ ਜਾਣਗੀਆਂ, ਜਿਹੜੀਆਂ ਸਮੁੱਚੇ ਜਿਲ੍ਹੇ ਦੇ ਪਿੰਡਾਂ ਵਿੱਚ ਲਗਾਤਾਰ 40 ਦਿਨ ਤੱਕ ਪਰਾਲੀ ਦੇ ਪ੍ਰਬੰਧਨ ਬਾਰੇ ਪ੍ਰਚਾਰ ਕਰਨਗੀਆਂ । ਉਨਾਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨਾ ਸਾੜਣ ਦੀ ਅਪੀਲ ਕਰਦਿਆਂ ਖੇਤੀ ਮਸ਼ੀਨਰੀ ਨਾਲ ਪਰਾਲੀ ਦੇ ਸੁਚੱਜੇ ਪ੍ਰਬੰਧਨ ਦੀ ਸਲਾਹ ਦਿੱਤੀ । ਮੁੱਖ ਖੇਤੀਬਾੜੀ ਅਫ਼ਸਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਪਰਾਲੀ ਨੂੰ ਖੇਤ ਵਿੱਚ ਹੀ ਦਬਾਉਣਾ ਲਾਹੇਵੰਦ ਏ ਕਿਉਂਕਿ ਇਸ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵਿੱਚ ਵਾਧਾ ਹੁੰਦਾ ਏ ਅਤੇ ਜ਼ਮੀਨ ਦੀ ਪਾਣੀ ਜ਼ਜ਼ਬ ਕਰਨ ਦੀ ਸਮਰੱਥਾ ਵੀ ਵੱਧਦੀ ਏ ।

------------------------------------------------------------

ਪਠਾਨਕੋਟ ਜ਼ਿਲਾ ਪੁਲਿਸ ਨੇ ਪੁਲਿਸ ਥਾਣਾ ਧਾਰ ਨੂੰ, ਸੂਬੇ ਦਾ ਪਹਿਲਾ ਨਸ਼ਾ ਮੁਕਤ ਪੁਲਿਸ ਸਟੇਸ਼ਨ ਐਲਾਨਿਆ ਏ । ਇਸ ਦੀ ਪੁਸ਼ਟੀ

ਸਥਾਨਕ ਭਾਈਚਾਰੇ ਦੀ ਹਮਾਇਤ ਨਾਲ ਸੰਭਵ ਹੋਈ ਏ । ਪੁਲਿਸ ਸਟੇਸ਼ਨ ਧਾਰ ਦੇ ਅਧਿਕਾਰ ਖੇਤਰ ਵਿੱਚ 45 ਪਿੰਡਾਂ ਦੀਆਂ ਪੰਚਾਇਤਾਂ ਅੱਗੇ ਆਈਆਂ ਨੇ ਜਿਨਾ ਇੱਕ ਮੈਮੋਰੰਡਮ ਰਾਹੀਂ ਲਿਖਤੀ ਰੂਪ ਵਿੱਚ ਪੁਸ਼ਟੀ ਕਰਦਿਆਂ ਕਿਹਾ ਕਿ "ਸਾਡੇ ਪਿੰਡ ਨਸ਼ਾ ਮੁਕਤ ਨੇ"। ਪਠਾਨਕੋਟ ਦੇ ਐਸ ਐਸ ਪੀ ਹਰਕਮਲਪ੍ਰੀਤ ਸਿੰਘ ਖੱਖ ਨੇ ਇਸ ਅਹਿਮ ਮਿਸ਼ਨ ਵਿੱਚ ਸਹਿਯੋਗ ਲਈ ਲੋਕਾਂ ਦਾ ਦਿਲੋਂ ਧੰਨਵਾਦ ਕੀਤਾ। ਉੱਨਾਂ ਕਿਹਾ ਕਿ ਇਹ ਪ੍ਰਾਪਤੀ ਨਸ਼ਾ ਮੁਕਤ ਸਮਾਜ ਪ੍ਰਤੀ ਏਕਤਾ ਤੇ ਸਾਂਝੀ ਵਚਨਬੱਧਤਾ ਦੀ ਤਾਕਤ ਦਾ ਉਦਾਹਰਨ ਏ ਅਤੇ ਜ਼ਿਲਾ ਪੁਲਿਸ ਇਸ ਮਹੱਤਵਪੂਰਨ ਮੀਲ ਪੱਥਰ ਨੂੰ ਸਾਕਾਰ ਕਰਨ ਲਈ ਭਾਈਚਾਰੇ ਦੇ ਸਹਿਯੋਗੀ ਯਤਨਾਂ ਦੀ ਤਹਿ ਦਿਲੋਂ ਸ਼ਲਾਘਾ ਕਰਦੀ ਏ। ਸਾਡੇ ਪਤਰਕਾਰ ਰਜਨੀਸ਼ ਕੁਮਾਰ ਅਨੁਸਾਰ ਇਹ ਸਮੂਹਿਕ ਐਲਾਨ, ਪੁਲਿਸ ਬਲ ਅਤੇ ਲੋਕਾਂ ਵਿਚਾਲੇ ਸਹਿਯੋਗੀ ਭਾਵਨਾ ਦਰਸਾਉਂਦਾ ਏ।

---

ਗੁਰਦਾਸਪੁਰ ਪੁਲਿਸ ਦੇ ਸੀ.ਆਈ.ਏ ਸਟਾਫ਼ ਅਤੇ ਸਦਰ ਪੁਲਿਸ ਨੇ ਨਬੀਪੁਰ ਤੋਂ ਬੱਬਰੀ ਨਾਕੇ ਤੋਂ ਤਿੰਨ ਨੌਜਵਾਨਾਂ ਨੂੰ ਕਾਬੂ ਕਰਕੇ ਉਨ੍ਹਾਂ

ਕੋਲੋਂ 1 ਕਿਲੋ 40 ਗ੍ਰਾਮ ਹੈਰੋਇਨ ਬਰਾਮਦ ਕੀਤੀ ਏ। ਇਸ ਦੀ ਕੀਮਤ ਕਰੀਬ 5 ਕਰੋੜ ਰੁਪਏ ਦੱਸੀ ਜਾ ਰਹੀ ਏ। ਐਸ ਐਸ ਪੀ ਦਾਯਮਾ ਹਰੀਸ਼ ਕੁਮਾਰ ਨੇ ਦੱਸਿਆ ਕਿ ਕੰਬਾਈਨ ਚਲਾਉਣ ਦਾ ਕੰਮ ਕਰਦੇ ਇਕ ਨੌਜਵਾਨ ਕੁਲਦੀਪ ਮਸੀਹ ਨੂੰ ਕੋਈ 6 ਮਹੀਨੇ ਪਹਿਲਾ ਕਣਕ ਦੀ ਕਟਾਈ ਕਰਦੇ ਸਮੇਂ ਡੇਰਾ ਬਾਬਾ ਨਾਨਕ ਦੇ ਖੇਤਾਂ ਵਿਚ ਪਏ ਹੈਰੋਇਨ ਦੇ ਤਿੰਨ ਪੈਕਟ ਮਿਲੇ ਸਨ। ਜਿਸ 'ਤੇ ਉਸ ਨੇ ਆਪਣੇ ਨਾਲ ਦੋ ਹੋਰ ਵਿਅਕਤੀਆਂ ਨੂੰ ਮਿਲਾ ਕੇ ਇਹ ਹੈਰੋਇਨ ਨੌਜਵਾਨਾਂ ਨੂੰ ਵੇਚਣੀ ਸ਼ੁਰੂ ਕੀਤੀ ਅਤੇ 6 ਮਹੀਨੇ ਵਿਚ ਕਰੀਬ 2 ਕਿਲੋ ਹੈਰੋਇਨ ਨਸ਼ੇੜੀਆਂ ਨੂੰ ਵੇਚ ਦਿੱਤੀ। ਬਾਕੀ ਹੈਰੋਇਨ ਵੇਚਣ ਲਈ ਉਹ ਗ੍ਰਾਹਕ ਦੀ ਭਾਲ ਕਰ ਰਹੇ ਸਨ ਪਰ ਨਾਕੇਬੰਦੀ ਦੌਰਾਨ ਇਹ ਪੁਲਿਸ ਦੇ ਹੱਥੇ ਚੜ ਗਏ। ਤਿੰਨਾਂ ਖਿਲਾਫ ਨਸ਼ਿਆਂ ਨੂੰ ਰੋਕਣ ਬਾਰੇ ਐਕਟ ਤਹਿਤ ਮਾਮਲਾ ਦਰਜ਼ ਕਰਕੇ ਅਗੇ ਪੁੱਛ-ਗਿੱਛ ਕੀਤੀ ਜਾ ਰਹੀ ਏ।

--------------------------------------------------------

ਬਰਨਾਲਾ ਦੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਕਿਹਾ ਏ ਕਿ ਸਰਕਾਰ ਵੱਲੋਂ ਪਿਛਲੇ ਦਿਨੀਂ ਜਾਰੀ ਕੀਤੀ ‘ਪੀ.ਐੱਮ.

ਵਿਸ਼ਵਕਰਮਾ’ ਸਕੀਮ ਤਹਿਤ ਜ਼ਿਲ੍ਹੇ ਦੇ ਕਾਰੀਗਰਾਂ ਤੇ ਸ਼ਿਲਪਕਾਰਾਂ ਦੀ ਰਜਿਸਟ੍ਰੇਸ਼ਨ ਕਰਕੇ ਢੁਕਵੀਂ ਸਿਖਲਾਈ ਦਿੱਤੀ ਜਾਵੇਗੀ ਅਤੇ ਉਨ੍ਹਾਂ ਦੇ ਹੁਨਰ ਨੂੰ ਉਤਸ਼ਾਹਿਤ ਕਰਨ ਤੇ ਸਵੈ ਰੋਜ਼ਗਾਰ ਨੂੰ ਹੁਲਾਰਾ ਦੇਣ ਵਾਸਤੇ ਘੱਟ ਵਿਆਜ ਦਰਾਂ ’ਤੇ ਕਰਜ਼ਾ ਵੀ ਮੁਹੱਈਆ ਕਰਾਇਆ ਜਾਵੇਗਾ । ਉਨਾਂ ਕਿਹਾ ਕਿ ਸਕੀਮ ਤਹਿਤ ਰਜਿਸਟ੍ਰੇਸ਼ਨ ਛੇਤੀ ਹੀ ਸ਼ੁਰੂ ਕੀਤੀ ਜਾ ਰਹੀ ਏ ਜਿਸ ਨਾਲ ਨੌਜਵਾਨਾਂ ਨੂੰ ਹੁਨਰ ਦਿੱਤਾ ਜਾਵੇਗਾ ਅਤੇ ਨਾਲ ਹੀ ਅਸਾਨ ਕਿਸ਼ਤਾਂ ਤੇ ਕਰਜ਼ੇ ਦਿੱਤੇ ਜਾਣਗੇ । ਉਨ੍ਹਾਂ ਕਿਹਾ ਕਿ ਜ਼ਿਲੇ ਵਿਚ ਟੇਲਰ, ਕਾਰਪੇਂਟਰ ਅਤੇ ਬਿਊਟੀ ਪਾਰਲਰ, ਸਲੂਨ ਸਬੰਧੀ ਕੰਮ ਸਿੱਖਣ ਵਾਲੇ ਨੌਜਵਾਨਾਂ ਦੀ ਬਹੁਤਯਾਤ ਏ । ਉਨ੍ਹਾਂ ਸਾਰੇ ਸਬੰਧਿਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਉਹ ਆਪੋ ਆਪਣੇ ਅਧਿਕਾਰਿਤ ਖੇਤਰਾਂ ਵਿਚ ਲਾਭਪਾਤਰੀਆਂ ਦੀ ਪਛਾਣ ਕਰਨ ਤਾਂ ਜੋ ਰਜਿਸਟ੍ਰੇਸ਼ਨ ਸ਼ੁਰੂ ਹੋਣ 'ਤੇ ਉਨ੍ਹਾਂ ਨੂੰ ਪਹਿਲ ਦੇ ਤੌਰ ਉੱਤੇ ਰਜਿਸਟਰ ਕੀਤਾ ਜਾ ਸਕੇ ।

---------------------------------------------------------------

ਚੀਨ ਦੇ ਹਾਂਗਜੂ ਵਿਖੇ ਚੱਲ ਰਹੀਆਂ ਏਸ਼ਿਆਈ ਖੇਡਾਂ ਵਿੱਚ, ਭਾਰਤ ਦਾ ਸ਼ਾਨਦਾਰ ਪ੍ਰਦਰਸ਼ਨ ਜਾਰੀ ਏ। ਖੇਡਾਂ ਦੇ ਅੱਜ 10ਵੇਂ ਦਿਨ ਭਾਰਤ ਨੇ 6

ਤਗ਼ਮੇ ਜਿੱਤੇ । ਤਗਮਾ ਸੂਚੀ ਵਿਚ ਭਾਰਤ ਹੁਣ 14 ਸੋਨ, 25 ਚਾਂਦੀ ਅਤੇ 27 ਕਾਂਸੀ ਦੇ ਤਮਗਿਆਂ ਸਮੇਤ ਕੁੱਲ 66 ਤਮਗਿਆਂ ਨਾਲ ਚੌਥੇ ਸਥਾਨ 'ਤੇ ਬਣਿਆ ਹੋਇਆ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭਾਰਤੀ ਖਿਡਾਰੀਆਂ ਨੂੰ ਏਸ਼ੀਆਈ ਖੇਡਾਂ ਵਿਚ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ ।

------------------------------------------------------------

ਨੇਪਾਲ ਵਿੱਚ 4.6 ਅਤੇ 6.2 ਦੀ ਤੀਬਰਤਾ ਵਾਲੇ ਭੂਚਾਲ ਦੇ 2 ਝਟਕਿਆਂ ਤੋਂ ਬਾਅਦ ਅੱਜ ਰਾਸ਼ਟਰੀ ਰਾਜਧਾਨੀ ਦਿੱਲੀ-ਐੱਨ.ਸੀ.ਆਰ. ਖੇਤਰ ਸਮੇਤ ਦੇਸ਼ ਦੇ ਉੱਤਰੀ ਹਿੱਸੇ ਵਿੱਚ ਭੂਚਾਲ ਦੇ ਜ਼ਬਰਦਸਤ ਝਟਕੇ ਮਹਿਸੂਸ ਕੀਤੇ ਗਏ । ਨੈਸ਼ਨਲ ਸੈਂਟਰ ਫਾਰ ਸਿਸਮੋ-ਲੋਜੀ ਨੇ ਕਿਹਾ ਕਿ ਇਸ ਭੂਚਾਲ ਦਾ ਕੇਂਦਰ ਨੇਪਾਲ ਸੀ ਅਤੇ ਇਹ ਭੁਚਾਲ ਜ਼ਮੀਨ ਤੋਂ 5 ਕਿਲੋਮੀਟਰ ਦੀ ਡੂੰਘਾਈ 'ਤੇ ਸੀ । ਭੂਚਾਲ ਦਾ ਪਹਿਲਾ ਝਟਕਾ ਬਾਅਦ ਦੁਪਹਿਰ 2 ਵਜਕੇ 25 ਮਿੰਟ ਤੇ ਅਤੇ ਦੂਜਾ 2 ਵਜਕੇ 51 ਮਿੰਟ 'ਤੇ ਮਹਿਸੂਸ ਕੀਤਾ ਗਿਆ । ਪੰਜਾਬ ਤੇ ਹਰਿਆਣਾ ਦੀ ਰਾਜਧਾਨੀ ਚੰਡੀਗੜ੍ਹ ਵਿੱਚ ਵੀ ਭੂਚਾਲ ਦੇ ਝਟਕੇ ਲੱਗੇ ।

ਚੰਡੀਗੜ੍ਹ ਸਕੱਤਰੇਤ ਕੰਪਲੈਕਸ ਵਿੱਚ ਲੋਕਾਂ ਨੇ ਜ਼ੋਰਦਾਰ ਝਟਕੇ ਮਹਿਸੂਸ ਕੀਤੇ।